**ਮਾਲੀ ਗਉੜਾ ਮਹਲਾ ੫ ॥ ਮਨਿ ਤਨਿ ਬਸਿ ਰਹੇ ਗੋਪਾਲ ॥ ਦੀਨ ਬਾਂਧਵ ਭਗਤਿ ਵਛਲ ਸਦਾ ਸਦਾ ਕ੍ਰਿਪਾਲ ॥੧॥ ਰਹਾਉ ॥ ਆਦਿ ਅੰਤੇ ਮਧਿ ਤੂਹੈ ਪ੍ਰਭ ਬਿਨਾ ਨਾਹੀ ਕੋਇ ॥ ਪੂਰਿ ਰਹਿਆ ਸਗਲ ਮੰਡਲ ਏਕੁ ਸੁਆਮੀ ਸੋਇ ॥ ੧॥ ਕਰਨਿ ਹਰਿ ਜਸੁ ਨੇਤ੍ਰ ਦਰਸਨੁ ਰਸਨਿ ਹਰਿ ਗੁਨ ਗਾਉ ॥ ਬਲਿਹਾਰਿ ਜਾਏ ਸਦਾ ਨਾਨਕੁ ਦੇਹੁ ਅਪਣਾ ਨਾਉ ॥੨॥੩॥੮॥੬॥੧੪॥** {ਪੰਨਾ 988}

ਪਦਅਰਥ:- ਮਨਿ—ਮਨ ਵਿਚ। ਤਨਿ—ਤਨ ਵਿਚ। ਗੋਪਾਲ—ਸ੍ਰਿਸ਼ਟੀ ਦਾ ਪਾਲਕ। ਦੀਨ ਬਾਂਧਵ—ਗਰੀਬਾਂ ਦਾ ਸਹਾਈ। ਭਗਤਿ ਵਛਲ—ਭਗਤੀ ਨਾਲ ਪਿਆਰ ਕਰਨ ਵਾਲਾ।1। ਰਹਾਉ।

ਆਦਿ—(ਜਗਤ ਦੇ) ਸ਼ੁਰੂ ਤੋਂ। ਅੰਤੇ—(ਜਗਤ ਦੇ) ਅਖ਼ੀਰ ਵਿਚ। ਮਧਿ—(ਜਗਤ ਦੇ) ਵਿਚਕਾਰ, ਹੁਣ ਭੀ। ਸਗਲ ਮੰਡਲ—ਸਾਰੇ ਭਵਨਾਂ ਵਿਚ। ਪੂਰਿ ਰਹਿਆ—ਭਰਪੂਰ ਹੈ, ਵਿਆਪਕ ਹੈ।1।

ਕਰਨਿ—ਕੰਨ ਨਾਲ। ਨੇਤ੍ਰ—ਅੱਖਾਂ ਨਾਲ। ਰਸਨਿ—ਜੀਭ ਨਾਲ। ਗਾਉ—ਗਾਉਂ, ਮੈਂ ਗਾਂਦਾ ਹਾਂ। ਬਲਿਹਾਰਿ ਜਾਏ—ਕੁਰਬਾਨ ਜਾਂਦਾ ਹੈ।2।

ਅਰਥ:- ਹੇ ਸ੍ਰਿਸ਼ਟੀ ਦੇ ਪਾਲਕ! ਗਰੀਬਾਂ ਦੇ ਸਹਾਈ! ਹੇ ਭਗਤੀ ਨਾਲ ਪਿਆਰ ਕਰਨ ਵਾਲੇ! ਹੇ ਸਦਾ ਹੀ ਕਿਰਪਾਲ! ਤੁਸੀ ਹੀ ਮੇਰੇ ਮਨ ਵਿਚ ਵੱਸ ਰਹੇ ਹੋ।1। ਰਹਾਉ।

ਹੇ ਪ੍ਰਭੂ! (ਜਗਤ-ਰਚਨਾ ਦੇ) ਸ਼ੁਰੂ ਵਿਚ ਤੂੰ ਹੀ ਸੀ, (ਜਗਤ ਦੇ) ਅੰਤ ਵਿਚ ਤੂੰ ਹੀ ਹੋਵੇਂਗਾ, ਹੁਣ ਭੀ ਤੂੰ ਹੀ ਹੈਂ (ਸਦਾ ਕਾਇਮ ਰਹਿਣ ਵਾਲਾ)। ਹੇ ਭਾਈ! ਪ੍ਰਭੂ ਤੋਂ ਬਿਨਾ ਹੋਰ ਕੋਈ (ਸਦਾ ਕਾਇਮ ਰਹਿਣ ਵਾਲਾ) ਨਹੀਂ। ਹੇ ਭਾਈ! ਇਕ ਮਾਲਕ-ਪ੍ਰਭੂ ਹੀ ਸਾਰੇ ਭਵਨਾਂ ਵਿਚ ਵਿਆਪਕ ਹੈ।1।

(ਹੇ ਭਾਈ!) ਮੈਂ ਕੰਨ ਨਾਲ ਹਰੀ ਦੀ ਸਿਫ਼ਤਿ-ਸਾਲਾਹ (ਸੁਣਦਾ ਹਾਂ), ਅੱਖਾਂ ਨਾਲ ਹਰੀ ਦਾ ਦਰਸਨ (ਕਰਦਾ ਹਾਂ) ਜੀਭ ਨਾਲ ਹਰੀ ਦੇ ਗੁਣ ਗਾਂਦਾ ਹਾਂ। (ਹੇ ਭਾਈ! ਪ੍ਰਭੂ ਦਾ ਦਾਸ) ਨਾਨਕ ਸਦਾ ਉਸ ਤੋਂ ਕੁਰਬਾਨ ਜਾਂਦਾ ਹੈ (ਤੇ ਉਸ ਦੇ ਦਰ ਤੇ ਅਰਦਾਸ ਕਰਦਾ ਹੈ—ਹੇ ਪ੍ਰਭੂ!) ਮੈਨੂੰ ਆਪਣਾ ਨਾਮ ਬਖ਼ਸ਼।2।3।8।6।14।

ਅੰਕਾਂ ਦਾ ਵੇਰਵਾ:-

ਮਹਲਾ 4 — 6 ਸ਼ਬਦ
ਮਹਲਾ 5 — 8 ਸ਼ਬਦ
. . . . . . —:
. . ਕੁੱਲ ਜੋੜ 14

ਇਹਨਾਂ 8 ਸ਼ਬਦ ਦਾ ਨਿਰਨਾ:

ਚਉਪਦੇ — 5
ਦੁਪਦੇ — 3
. . . . —:
. ਜੋੜ . . 8